# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 11-10-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਲਾਓ ਪੀਡੀਆਰ ਦੇ ਵਿਏਨਟਿਏਨ ਵਿੱਚ 19ਵੇਂ ਪੂਰਬੀ ਏਸ਼ੀਆ ਸੰਮੇਲਨ ਨੂੰ ਸੰਬੋਧਨ ਕਰਿਦਆਂ ਕਿਹੈ ਕਿ ਪੂਰੇ ਖੇਤਰ ਦੀ ਸ਼ਾਂਤੀ ਅਤੇ ਤਰੱਕੀ ਲਈ ਇੱਕ ਆਜ਼ਾਦ, ਖੁੱਲ੍ਹਾ, ਸਮਾਵੇਸ਼ੀ, ਖੁਸ਼ਹਾਲ ਅਤੇ ਨਿਯਮ ਆਧਾਰਿਤ ਹਿੰਦ-ਪ੍ਰਸ਼ਾਂਤ ਮਹੱਤਵਪੂਰਨ ਏ । ਉਨ੍ਹਾਂ ਕਿਹਾ, ਦੱਖਣੀ ਚੀਨ ਸਾਗਰ ਦੀ ਸ਼ਾਂਤੀ, ਸੁਰੱਖਿਆ ਅਤੇ ਸਥਿਰਤਾ ਪੂਰੇ ਭਾਰਤ-ਪ੍ਰਸ਼ਾਂਤ ਖੇਤਰ ਦੇ ਹਿੱਤ ਵਿੱਚ ਏ । ਦੁਨੀਆ ਦੇ ਵੱਖ-ਵੱਖ ਖੇਤਰਾਂ ਵਿੱਚ ਚੱਲ ਰਹੇ ਸੰਘਰਸ਼ 'ਤੇ ਚਿੰਤਾ ਜ਼ਾਹਰ ਕਰਦਿਆਂ ਸ੍ਰੀ ਮੋਦੀ ਨੇ ਕਿਹਾ ਕਿ ਵਿਸਥਾਰਵਾਦ ਦੀ ਥਾਂ ਵਿਕਾਸ ਵਾਲਾ ਨਜ਼ਰੀਆ ਹੋਣਾ ਚਾਹੀਦਾ ਏ । ਉਨ੍ਹਾਂ ਕਿਹਾ ਕਿ ਵੱਖ-ਵੱਖ ਖੇਤਰਾਂ ਵਿੱਚ ਚੱਲ ਰਹੇ ਸੰਘਰਸ਼ ਦਾ ਦੱਖਣੀ ਦੇਸ਼ਾਂ ਨੂੰ ਨਾਂਹ-ਪੱਖੀ ਪ੍ਰਭਾਵ ਪੈ ਰਿਹਾ ਏ । ਉਨ੍ਹਾਂ ਕਿਹਾ ਕਿ ਹਰ ਕੋਈ ਚਾਹੁੰਦਾ ਹੈ ਕਿ ਯੂਰੇਸ਼ੀਆ ਅਤੇ

ਪੱਛਮੀ ਏਸ਼ੀਆ ਖੇਤਰ ਵਿੱਚ ਸ਼ਾਂਤੀ ਅਤੇ ਸਥਿਰਤਾ ਬਹਾਲ ਹੋਵੇ। ਉਨ੍ਹਾਂ ਦੁਹਰਾਇਆ ਕਿ ਇਹ ਜੰਗ ਦਾ ਯੁੱਗ ਨਹੀਂ ਏ ਅਤੇ ਸਮੱਸਿਆਵਾਂ ਦਾ ਹੱਲ ਜੰਗ ਦੇ ਮੈਦਾਨ ਤੋਂ ਨਹੀਂ ਨਿਕਲ ਸਕਦਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪ੍ਰਭੂਸੱਤਾ, ਖੇਤਰੀ ਅਖੰਡਤਾ ਅਤੇ ਕੌਮਾਂਤਰੀ ਕਾਨੂੰਨਾਂ ਦਾ ਸਨਮਾਨ ਕਰਨਾ ਜ਼ਰੂਰੀ ਏ। ਉਨ੍ਹਾਂ ਕਿਹਾ ਕਿ ਮਾਨਵਤਾਵਾਦੀ ਪਹੁੰਚ, ਸੰਵਾਦ ਅਤੇ ਕੂਟਨੀਤੀ 'ਤੇ ਜ਼ੋਰ ਦਿੱਤਾ ਜਾਣਾ ਚਾਹੀਦਾ ਏ। ਭਾਰਤ ਇਸ ਦਿਸ਼ਾ ਵਿੱਚ ਹਰ ਸੰਭਵ ਯੋਗਦਾਨ ਦਿੰਦਾ ਰਹੇਗਾ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਦੁਰਗਾ ਪੂਜਾ ਦੇ ਮੌਕੇ 'ਤੇ ਦੇਸ਼ ਦੇ ਸਾਰੇ ਨਾਗਰਿਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਸੋਸ਼ਲ ਮੀਡੀਆ ਰਾਹੀਂ ਆਪਣੇ ਸੰਦੇਸ਼ ਵਿਚ ਰਾਸ਼ਟਰਪਤੀ ਨੇ ਕਿਹੈ ਕਿ ਦੁਰਗਾ ਪੂਜਾ ਨੂੰ ਬੁਰਾਈ ਉਤੇ ਚੰਗਿਆਈ ਦੀ ਜਿੱਤ ਵਜੋਂ ਮਨਾਇਆ ਜਾਂਦਾ ਏ ਤੇ ਮਾਂ ਦੁਰਗਾ ਨੂੰ ਸ਼ਕਤੀ ਦਾ ਪ੍ਰਤੀਕ ਮੰਨਿਆ ਜਾਂਦਾ ਏ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਦੇਵੀ ਦੁਰਗਾ ਨੂੰ ਪੂਰੀ ਤਰ੍ਹਾਂ ਸਮਰਪਿਤ ਹੋਣ ਅਤੇ ਸਾਰੇ ਧਰਮਾਂ ਵਿਚ ਏਕਤਾ ਤੇ ਸਮਝ ਨੂੰ ਉਤਸ਼ਾਹਤ ਕਰਨ ਦਾ ਮੌਕਾ ਏ।

ਰਾਸ਼ਟਰਪਤੀ ਨੇ ਇਹ ਵੀ ਕਾਮਨਾ ਕੀਤੀ ਕਿ ਮਾਂ ਦੁਰਗਾ ਨਿਆਂਪੂਰਨ, ਸੰਵੇਦਨਸ਼ੀਲ ਤੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਕਰਨ ਲਈ ਤਾਕਤ, ਹਿੰਮਤ ਤੇ ਦ੍ਰਿੜਤਾ ਦੇਣ।

--------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ’ਤੇ ਤੱਥਾਂ ਤੋਂ ਰਹਿਤ ਅਧੂਰੀ ਜਾਣਕਾਰੀ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਨ ਲਈ ਸਖ਼ਤ ਆਲੋਚਨਾ ਕੀਤੀ ਏ। ਮੁੱਖ ਮੰਤਰੀ ਨੇ ਕਿਹੈ ਕਿ ਬਾਜਵਾ ਨੂੰ ਸਿਆਸਤ ਨੂੰ ਅਲਵਿਦਾ ਆਖ ਦੇਣਾ ਚਾਹੀਦਾ ਏ ਕਿਉਂਕਿ ਉਹ ਮੀਡੀਆ ਵਿੱਚ ਸਿਰਫ ਸੁਰਖੀਆਂ ਬਟੋਰਨ ਲਈ ਲਗਾਤਾਰ ਝੂਠ ਬੋਲ ਰਹੇ ਨੇ। ਮੁੱਖ ਮੰਤਰੀ ਨੇ ਕਿਹਾ ਕਿ ਝੋਨੇ ਦੀ ਕਿਸਮ ਪੀਆਰ-126 ‘ਤੇ ਬਾਜਵਾ ਦਾ ਬਿਆਨ ਪੂਰੀ ਤਰ੍ਹਾਂ ਗੈਰ-ਜ਼ਿੰਮੇਵਾਰਾਨਾ, ਬੇਬੁਨਿਆਦ ਅਤੇ ਗੁੰਮਰਾਹਕੁੰਨ ਏ , ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮਾਹਿਰਾਂ ਨੇ ਵਾਰ-ਵਾਰ ਇਸ ਗੱਲ ‘ਤੇ ਜ਼ੋਰ ਦਿੱਤਾ ਏ ਕਿ ਪੀ.ਆਰ.-126 ਕਿਸਮ 20 ਤੋਂ 25 ਫੀਸਦੀ ਤੱਕ ਪਾਣੀ ਦੀ ਬੱਚਤ ਕਰਦੀ ਏ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੀ

ਫ਼ਸਲ ਦੀ ਨਿਰਵਿਘਨ ਖਰੀਦ ਅਤੇ ਚੁਕਾਈ ਲਈ ਵਚਨਬੱਧ ਹੈ। ਸਮੁੱਚੀ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲ ਰਹੀ ਏ ।

---------------------------------------------------------------

ਆਫ਼ਤ ਪ੍ਰਬੰਧਨ ਸਬੰਧੀ ਭਾਰਤ ਸਰਕਾਰ ਦੇ ਕੌਮੀ ਅਦਾਰੇ 'ਨੈਸ਼ਨਲ ਇੰਸਟੀਚਿਊਟ ਆਫ਼ ਡਿਜ਼ਾਸਟਰ ਮੈਨੇਜਮੈਂਟ' ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕਰਵਾਏ ਜਾ ਰਹੇ 'ਫ਼ੈਕਲਟੀ ਡਿਵੈਲਪਮੈਂਟ ਪ੍ਰੋਗਰਾਮ' ਦੌਰਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਅੱਜ ਦਾ ਮਨੁੱਖ ਮਨੁੱਖ ਆਪਣੇ ਲਾਲਚਵੱਸ ਖੁਦ ਇੱਕ ਆਫ਼ਤ ਬਣ ਗਿਆ ਏ ਤੇ ਮਨੁੱਖ ਵੱਲੋਂ ਕੀਤੇ ਜਾ ਰਹੇ ਕੁਦਰਤ ਦੇ ਘਾਣ ਨੇ ਬਹੁਤ ਸਾਰੀਆਂ ਆਫ਼ਤਾਂ ਨੂੰ ਜਨਮ ਦਿੱਤਾ ਏ । ਉਨ੍ਹਾਂ ਕਿਹਾ ਕਿ ਇਹ ਤੈਅ ਏ ਕਿ ਮਨੁੱਖ ਜਿੰਨਾ ਬੇਈਮਾਨ ਹੁੰਦਾ ਜਾਵੇਗਾ ਭਵਿੱਖ ਵਿੱਚ ਓਨੀਆਂ ਹੀ ਆਫ਼ਤਾਂ ਵਧਦੀਆਂ ਜਾਣਗੀਆਂ । ਉਨ੍ਹਾਂ ਕਿਹਾ ਕਿ ਅਜਿਹੀਆਂ ਆਫ਼ਤਾਂ ਨਾਲ਼ ਨਜਿੱਠਣ ਦਾ ਕਾਰਜ ਸਾਨੂੰ ਈਮਾਨਦਾਰ ਹੋ ਕੇ ਕਰਨਾ ਪਵੇਗਾ । ਉਨ੍ਹਾਂ ਨੇ ਨੌਜਵਾਨਾਂ ਨੂੰ ਸਿਆਸਤ ਵਿੱਚ ਸਰਗਰਮ ਸ਼ਮੂਲੀਅਤ ਕਰਨ ਦਾ ਵੀ ਸੱਦਾ ਦਿੱਤਾ । ਉਨ੍ਹਾਂ ਕਿਹਾ ਕਿ

ਜੇਕਰ ਨੌਜਵਾਨ ਅਤੇ ਪੜ੍ਹੇ ਲਿਖੇ ਲੋਕ ਸਿਆਸਤ ਵਿੱਚ ਦਿਲਚਸਪੀ ਨਹੀਂ ਲੈਣਗੇ ਤਾਂ ਸਿਆਸਤ ਵਿੱਚ ਭ੍ਰਿਸ਼ਟ ਲੋਕਾਂ ਦੇ ਆਉਣ ਦੇ ਆਸਾਰ ਵਧ ਜਾਂਦੇ ਨੇ ।

---------------------------------------------------------

ਪੰਜਾਬ 'ਚ 15 ਅਕਤੂਬਰ ਨੂੰ ਹੋਣ ਵਾਲੀਆਂ ਪੰਚਾਇਤੀ ਚੋਣਾਂ ਤੋਂ ਪਹਿਲਾਂ ਜਲੰਧਰ ਜ਼ਿਲ੍ਹੇ ਵਿੱਚ ਕੁੱਲ 195 ਪੰਚਾਇਤਾਂ, ਸਰਬਸੰਮਤੀ ਨਾਲ ਚੁਣੀਆਂ ਗਈਆਂ ਨੇ। ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਹੀਆਂ ਖਾਸ ਬਲਾਕ ਵਿੱਚ 28 ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਨੇ। ਇਸੇ ਤਰ੍ਹਾਂ ਜਲੰਧਰ ਪੱਛਮੀ ਬਲਾਕ ਵਿੱਚ 25, ਫਿਲੌਰ ਵਿੱਚ 24 ਅਤੇ ਨਕੋਦਰ ਵਿੱਚ 20 ਪੰਚਾਇਤਾਂ ਦੀ ਸਰਬਸੰਮਤੀ ਨਾਲ ਚੋਣ ਹੋ ਚੁੱਕੀ ਏ। ਇਸ ਤੋਂ ਇਲਾਵਾ ਸ਼ਾਹਕੋਟ 'ਚ 19, ਭੋਗਪੁਰ 'ਚ 17, ਨੂਰਮਹਿਲ 'ਚ 15, ਰੁੜਕਾਂ ਕਲਾਂ 'ਚ 14, ਮਹਿਤਪੁਰ 'ਚ 13, ਆਦਮਪੁਰ 'ਚ 11 ਅਤੇ ਜਲੰਧਰ ਪੂਰਬੀ ਬਲਾਕ ਵਿੱਚ ਵੀ 9 ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਨੇ। ਡਾ. ਅਗਰਵਾਲ ਨੇ

ਦੱਸਿਆ ਕਿ ਨਾਮਜ਼ਦਗੀ ਪੱਤਰ ਵਾਪਸ ਲੈਣ ਤੋਂ ਬਾਅਦ ਸਰਪੰਚ ਦੇ ਅਹੁਦੇ ਲਈ ਇੱਕ ਹਜ਼ਾਰ 662 ਅਤੇ ਪੰਚ ਲਈ 5 ਹਜ਼ਾਰ 464 ਉਮੀਦਵਾਰ ਮੈਦਾਨ ਵਿਚ ਰਹਿ ਗਏ ਹਨ। ਉਨ੍ਹਾਂ ਦੱਸਿਆ ਕਿ ਵੋਟਿੰਗ ਲਈ ਇੱਕ ਹਜ਼ਾਰ 14 ਪੋਲਿੰਗ ਸਟੇਸ਼ਨ ਬਣਾਏ ਗਏ ਨੇ। ਉਨ੍ਹਾਂ ਕਿਹਾ ਕਿ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ।

-----------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਬਠਿੰਡਾ-ਬਾਦਲ ਰੋਡ ’ਤੇ ਸਥਿਤ ਪਿੰਡ ਜੈ ਸਿੰਘ ਵਾਲਾ ਵਿਖੇ ‘ਹਵੇਲੀ ਉਮਰਾਓ ਮਿਊਜ਼ੀਅਮ ਤੇ ਆਰਟ ਗੈਲਰੀ’ ਦਾ ਦੌਰਾ ਕੀਤਾ। ਸਥਾਨਕ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਪ੍ਰੋ. ਹਰਦਰਸ਼ਨ ਸਿੰਘ ਸੋਹਲ ਵਲੋਂ ਨਿੱਜੀ ਤੌਰ ’ਤੇ ਬਣਾਏ ਗਏ ਇਸ ਅਜਾਇਬ ਘਰ ਤੇ ਆਰਟ ਗੈਲਰੀ ਦੀ ਡੀਸੀ ਨੇ ਭਰਪੂਰ ਸ਼ਲਾਘਾ ਕੀਤੀ। ਉਨਾਂ ਕਿਹਾ ਕਿ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਜਾਣਗੀਆਂ ਕਿ ਉਹ ਜ਼ਿਲ੍ਹੇ ਦੇ ਸਕੂਲੀ ਬੱਚਿਆਂ ਨੂੰ ਇਸ ਅਜਾਇਬ ਘਰ ਤੇ ਆਰਟ

ਗੈਲਰੀ ਦਾ ਦੌਰਾ ਕਰਵਾਉਣ। ਪ੍ਰੋ. ਹਰਦਰਸ਼ਨ ਸਿੰਘ ਸੋਹਲ ਨੇ ਦੱਸਿਆ ਕਿ ਆਰਟ ਗੈਲਰੀ ਵਿਚ 100 ਸਾਲ ਤੋਂ ਲੈ ਕੇ ਪੰਜ ਹਜ਼ਾਰ ਸਾਲ ਤੱਕ ਦੀਆਂ ਵਿਰਾਸਤੀ ਵਸਤਾਂ ਸ਼ਾਮਲ ਨੇ।